SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 161** | **Monday, August 28, 2023** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ




ਓਨਟਾਰੀਓ, 27 ਅਗਸਤ (ਪੋਸਟ ਬਿਊਰੋ) : ਐਤਵਾਰ ਦੁਪਹਿਰ ਨੂੰ ਡੌਨ ਮਿੱਲਜ਼ ਰੋਡ ਤੇ ਲਾਅਰੈਂਸ ਐਵਨਿਊ ਈਸਟ ਏਰੀਆ ਵਿੱਚ ਚਾਕੂ ਮਾਰ ਕੇ ਇੱਕ ਵਿਅਕਤੀ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ ਗਿਆ।

ਪੁਲਿਸ ਨੂੰ ਦੁਪਹਿਰੇ 4:41 ਦੇ ਨੇੜੇ ਤੇੜੇ ਇਹ ਰਿਪੋਰਟ ਮਿਲੀ ਕਿ ਕਿਸੇ ਨੂੰ ਚਾਕੂ ਮਾਰ ਦਿੱਤਾ ਗਿਆ ਹੈ, ਇਸ ਮਗਰੋਂ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਜਿੱਥੇ ਉਨ੍ਹਾਂ ਨੂੰ ਇੱਕ 30 ਸਾਲਾ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ, ਉਸ ਦੀ ਪਿੱਠ ਵਿੱਚ ਚਾਕੂ ਮਾਰਿਆ ਗਿਆ ਸੀ। ਕਾਂਸਟੇਬਲ ਸਿੰਡੀ ਚੰਗ ਨੇ ਦੱਸਿਆ ਕਿ ਇਹ ਛੁਰੇਬਾਜ਼ੀ ਦੁਕਾਨਾਂ ਦੇ ਨੇੜੇ ਵਾਪਰੀ। ਪੈਰਾਮੈਡਿਕਸ ਵੱਲੋਂ ਉਸ ਵਿਅਕਤੀ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਕਾਲੇ ਰੰਗ ਦੀ ਹੌਂਡਾ ਸਿਵਿਕ ਵਿੱਚ ਉੱਥੋਂ ਫਰਾਰ ਹੋਇਆ ਤੇ ਇਹ ਵੀ ਪਤਾ ਨਹੀਂ ਲੱਗ ਸਕਿਆ ਕਿ ਉਹ ਕਿਸ ਦਿਸ਼ਾ ਵੱਲ ਗਿਆ।

## ਇੰਟਰਨੈਸ਼ਨਲ ਵਿਦਿਆਰਥੀਆਂ ਦੀ ਆਮਦ ਵਧਣ ਨਾਲ ਇਮੀਗ੍ਰੇਸ਼ਨ ਸਿਸਟਮ ਉੱਤੇ ਪਿਆ ਅਸਰ!



ਓਟਵਾ, 27 ਅਗਸਤ (ਪੋਸਟ ਬਿਊਰੋ) : ਇਮੀਗ੍ਰੇਸ਼ਨ ਮੰਤਰੀ ਮਾਰਕ ਮਿੱਲਰ ਦਾ ਕਹਿਣਾ ਹੈ ਕਿ ਕੈਨੇਡਾ ਵਿੱਚ ਦਾਖਲ ਹੋਣ ਵਾਲੇ ਇੰਟਰਨੈਸ਼ਨਲ ਵਿਦਿਆਰਥੀਆਂ ਦੀ ਵੱਧ ਰਹੀ ਗਿਣਤੀ ਨਾਲ ਨਾ ਸਿਰਫ ਹਾਊਸਿੰਗ ਸਬੰਧੀ ਚਿੰਤਾ ਵਧੀ ਹੈ ਸਗੋਂ ਇਮੀਗ੍ਰੇਸ਼ਨ ਸਿਸਟਮ ਦੀ ਅਖੰਡਤਾ ਵਿੱਚ ਕੈਨੇਡੀਅਨਜ਼ ਦਾ ਵਿਸ਼ਵਾਸ ਵੀ ਹਿੱਲ ਗਿਆ ਹੈ।

ਇਸ ਸਾਲ ਕੈਨੇਡਾ 900,000 ਇੰਟਰਨੈਸ਼ਨਲ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਤਿਆਰ ਹੈ। ਇੱਕ ਇੰਟਰਵਿਊ ਵਿੱਚ ਮਿੱਲਰ ਨੇ ਆਖਿਆ ਕਿ ਕੈਨੇਡਾ ਦੇ ਇਤਿਹਾਸ ਵਿੱਚ ਇਹ ਅੰਕੜਾ ਕਾਫੀ ਵੱਧ ਹੈ ਤੇ ਇੱਕ ਦਹਾਕੇ ਪਹਿਲਾਂ ਨਾਲੋਂ ਇਹ ਅੰਕੜਾ ਤਿਗੁਣਾ ਵੱਧ ਚੁੱਕਿਆ ਹੈ। ਇੰਟਰਨੈਸ਼ਨਲ ਵਿਦਿਆਰਥੀਆਂ ਦੀ ਗਿਣਤੀ ਵਿੱਚ ਹੋ ਰਹੇ ਇਸ ਵਾਧੇ ਵੱਲ ਇਸ ਹਫਤੇ ਉਦੋਂ ਧਿਆਨ ਗਿਆ ਜਦੋਂ ਨਵੇਂ ਹਾਊਸਿੰਗ ਮੰਤਰੀ ਸ਼ੌਨ ਫਰੇਜ਼ਰ ਨੇ ਕੈਨੇਡਾ ਆਉਣ ਵਾਲੇ ਇੰਟਰਨੈਸ਼ਨਲ ਵਿਦਿਆਰਥੀਆਂ ਉੱਤੇ ਸੰਭਾਵੀ ਰੋਕ ਲਾਉਣ ਦਾ ਵਿਚਾਰ ਪ੍ਰਗਟਾਇਆ।

ਪਰ ਮਿੱਲਰ ਨੇ ਆਖਿਆ ਕਿ ਕੈਨੇਡਦਾਖਲ ਹੋਣ ਵਾਲੇ ਵਿਦਿਆਰਥੀਆਂ ਉੱਤੇ ਇਸ ਤਰ੍ਹਾਂ ਰੋਕ ਨਹੀਂ ਲਾਈ ਜਾ ਸਕਦੀ। ਉਨ੍ਹਾਂ ਆਖਿਆ ਕਿ ਇਹ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੈ। ਮਿੱਲਰ ਨੇ ਆਖਿਆ ਕਿ ਕੁੱਝ ਲੋਕ ਹਨ ਜਿਹੜੇ ਸਿਸਟਮ ਨੂੰ ਖੋਰਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਇਸ ਨਾਲ ਕਾਨੂੰਨੀ ਢੰਗ ਨਾਲ ਕੈਨੇਡਾ ਆਉਣ ਵਾਲਿਆਂ ਉੱਤੇ ਵੀ ਨਕਾਰਾਤਮਕ ਅਸਰ ਪੈ ਰਿਹਾ ਹੈ। ਉਨ੍ਹਾਂ ਆਖਿਆ ਕਿ ਉਹ ਕਿਸੇ ਉੱਤੇ ਤੁਹਮਤ ਨਹੀਂ ਲਾਉਣਾ ਚਾਹੁੰਦੇ ਪਰ ਉਨ੍ਹਾਂ ਦਾ ਧਿਆਨ ਕੁੱਝ ਪ੍ਰਾਈਵੇਟ ਕਾਲੇਜਿਜ਼ ਉੱਤੇ ਕੇਂਦਰਿਤ ਹੈ। ਉਨ੍ਹਾਂ ਆਖਿਆ ਕਿ ਇਸ ਮਾਮਲੇ ਵਿੱਚ ਪ੍ਰੋਵਿੰਸਾਂ ਨਾਲ ਮਿਲ ਕੇ ਤੁਰਨ ਤਾਂ ਇਸ ਸਮੱਸਿਆ ਦਾ ਹੱਲ ਕੱਢਿਆ ਜਾ ਸਕਦਾ ਹੈ।

## ਗੈਰਕਾਨੂੰਨੀ ਮੈਰੀਯੂਆਨਾ ਡਿਸਪੈਂਸਰੀ ਉੱਤੇ ਪੁਲਿਸ ਨੇ ਮਾਰਿਆ ਛਾਪਾ, ਦੋ ਨੂੰ ਕੀਤਾ ਚਾਰਜ




ਮਿਸੀਸਾਗਾ, 27 ਅਗਸਤ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਪੁਲਿਸ ਵੱਲੋਂ ਮੈਰੀਯੁਆਨਾ ਦੀ ਡਿਸਪੈਂਸਰੀ ਉੱਤੇ ਮਾਰੇ ਗਏ ਛਾਪੇ ਤੋਂ ਬਾਅਦ ਦੋ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਹੈ।

ਪੁਲਿਸ ਪੁਲਿਸ ਨੇ ਦੱਸਿਆ ਕਿ ਡੰਡਾਸ ਸਟਰੀਟ ਦੇ ਦੱਖਣ ਵੱਲ 2563 ਹੁਰੌਨਤਾਰੀਓ ਸਟਰੀਟ ਉੱਤੇ ਸਥਿਤ ਦੁਕਾਨ ਗੈਰਕਾਨੂੰਨੀ ਢੰਗ ਨਾਲ ਬਿਨਾਂ ਲਾਇਸੈਂਸ ਦੇ ਚਲਾਈ ਜਾ ਰਹੀ ਸੀ। 25 ਅਗਸਤ ਦੀ ਦੁਪਹਿਰ ਨੂੰ ਸਪੈਸ਼ਲਾਈਜ਼ਡ ਐਨਫੋਰਸਮੈਂਟ ਬਿਊਰੋ (ਐਸਈਬੀ) ਤੇ ਸਟ੍ਰੈਟੇਜਿਕ ਟੈਕਟੀਕਲ ਐਨਫੋਰਸਮੈਂਟ ਪੁਲਿਸਿੰਗ (ਸਟੈਪ) ਦੇ ਅਧਿਕਾਰੀਆਂ ਵੱਲੋਂ ਸਰਚ ਵਾਰੰਟ ਕਢਵਾ ਕੇ ਇੱਥੇ ਛਾਪਾ ਮਾਰਿਆ ਗਿਆ।

ਪੁਲਿਸ ਨੇ ਦੱਸਿਆ ਕਿ ਇੱਥੋਂ ਉਨ੍ਹਾਂ ਨੂੰ ਨਸ਼ਿਆਂ, ਡਰੱਗ ਪੈਰਾਫਰਨੇਲੀਆ ਤੇ ਬੀਬੀ ਹੈਂਡਗੰਨ ਵੀ ਬਰਾਮਦ ਹੋਈ। ਮਿਸੀਸਾਗਾ ਦੇ 42 ਸਾਲਾ ਡੈਨਿਸ ਐਰਨਬਰਗ ਨੂੰ ਵੇਚਣ ਦੇ ਇਰਾਦੇ ਨਾਲ ਮੈਰੀਯੁਆਨਾ ਕੋਲ ਰੱਖਣ ਦੇ ਚਾਰਜ ਵਿੱਚ ਗ੍ਰਿਫਤਾਰ ਕਰ ਲਿਆ ਗਿਆ। ਟੋਰਾਂਟੋ ਦੇ 28 ਸਾਲਾ ਹੌਂਗ ਆਨ ਵੂ ਨੂੰ ਮੈਰੀਯੁਆਨ ਵੇਚਣ ਦੇ ਇਰਾਦੇ ਨਾਲ ਕੋਲ ਰੱਖਣ ਲਈ ਚਾਰਜ ਕੀਤਾ ਗਿਆ ਹੈ। ਇਸ ਦੇ ਨਾਲ ਹੀ ਜੁਰਮ ਰਾਹੀਂ ਹਾਸਲ ਕੀਤੀ ਗਈ ਸੰਪਤੀ ਦੇ ਮਾਮਲੇ ਵਿੱਚ ਵੀ ਉਸ ਉੱਤੇ ਚਾਰਜਿਜ਼ ਲਾਏ ਗਏ ਹਨ। ਬਾਅਦ ਵਿੱਚ ਦੋਵਾਂ ਨੂੰ ਜ਼ਮਾਨਤ ਉੱਤੇ ਰਿਹਾਅ ਕਰ ਦਿੱਤਾ ਗਿਆ।

## ਛੁਰੇਬਾਜ਼ੀ ਵਿੱਚ ਇੱਕ ਹਲਾਕ ਇੱਕ ਗ੍ਰਿਫਤਾਰ

ਟੋਰਾਂਟੋ, 27 ਅਗਸਤ (ਪੋਸਟ ਬਿਊਰੋ) : ਸ਼ਨਿੱਚਰਵਾਰ ਦੁਪਹਿਰ ਨੂੰ ਟੋਰਾਂਟੋ ਦੇ ਪੂਰਬੀ ਸਿਰੇ ਉੱਤੇ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ 37 ਸਾਲਾ ਵਿਅਕਤੀ ਦੀ ਮੌਤ ਹੋ ਗਈ ਜਦਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਛੁਰੇਬਾਜ਼ੀ ਦੀਆਂ ਖਬਰਾਂ ਮਿਲਣ ਤੋਂ ਬਾਅਦ ਪੁਲਿਸ ਨੂੰ ਵੁੱਡਬਾਈਨ ਐਵਨਿਊ ਤੇ ਓਕੌਨਰ ਡਰਾਈਵ ਏਰੀਆ ਵਿੱਚ ਸਥਿਤ ਰਿਹਾਇਸ਼ੀ ਬਿਲਡਿੰਗ ਵਿੱਚ ਦੁਪਹਿਰੇ 4:44 ਵਜੇ ਦੇ ਨੇੜੇ ਤੇੜੇ ਸੱਦਿਆ ਗਿਆ। ਮੌਕੇ ਉੱਤੇ ਪਹੁੰਚੀ ਪੁਲਿਸ ਨੂੰ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ। ਉਸ ਦੀ ਪਛਾਣ ਟੋਰਾਂਟੋ ਦੇ ਮਾਜਿਦ ਅਬਦੁਲਅਜ਼ੀਜ਼ ਵਜੋਂ ਕੀਤੀ ਗਈ। ਪੁਲਿਸ ਨੇ ਮੌਕੇ ਉੱਤੇ ਹੀ ਇੱਕ ਮਸ਼ਕੂਕ ਨੂੰ ਗ੍ਰਿਫਤਾਰ ਕਰ ਲਿਆ ਤੇ ਇਹ 34 ਸਾਲਾ ਐਬਦਲਅਜ਼ੀਜ਼ ਐਬਦੈਲਾ ਐਬਦਲਅਜ਼ੀਜ਼ ਨੂੰ ਫਰਸਟ ਡਿਗਰੀ ਮਰਡਰ ਲਈ ਚਾਰਜ ਕੀਤਾ ਗਿਆ। ਅਜੇ ਤੱਕ ਮ੍ਰਿਤਕ ਤੇ ਮਸ਼ਕੂਕ ਦਰਮਿਆਨ ਕੀ ਰਿਸ਼ਤਾ ਸੀ ਇਹ ਸਪਸ਼ਟ ਨਹੀਂ ਹੋ ਸਕਿਆ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE IN $0
JENNAIR CAFÉ KitchenAid Electrolux LG FRIGIDAIRE elica
BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 – 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Advice you can bank on.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Axel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਨੀਰਜ ਚੋਪੜਾ ਨੇ ਵਿਸ਼ਵ ਐਥਲੈਟਿਕਸ ਚੈਂਪੀਅਨਸ਼ਿਪ ਵਿਚ ਜਿੱਤਿਆ 'ਗੋਲਡ' ਰਚਿਆ ਇਤਿਹਾਸ

ਬੁਡਾਪੇਸਟ, 27 ਅਗਸਤ (ਪੋਸਟ ਬਿਊਰੋ): ਨੀਰਜ ਚੋਪੜਾ ਨੇ ਵਿਸ਼ਵ ਐਥਲੈਟਿਕਸ ਚੈਂਪੀਅਨਸ਼ਿਪ ਦੀ ਜੈਵਲਿਨ ਥ੍ਰੋਅ ਪ੍ਰਤੀਯੋਗਿਤਾ 'ਚ ਸੋਨ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਤੇ ਇਹ ਉਪਲੱਬਧੀ ਹਾਸਲ ਕਰਨ ਵਾਲਾ ਉਹ ਪਹਿਲਾ ਭਾਰਤੀ ਐਥਲੀਟ ਬਣ ਗਏ ਹਨ। ਟੋਕੀਓ ਓਲੰਪਿਕ ਸੋਨ ਤਮਗਾ ਜੇਤੂ ਨੀਰਜ ਨੇ ਆਪਣੀ ਦੂਜੀ ਕੋਸ਼ਿਸ਼ 'ਚ 88.17 ਮੀਟਰ ਦੀ ਸਰਵਸ੍ਰੇਸ਼ਠ ਥ੍ਰੋਅ ਕਰਕੇ ਚੋਟੀ ਦਾ ਸਥਾਨ ਹਾਸਲ ਕੀਤਾ। ਪਾਕਿਸਤਾਨ ਦੇ ਅਰਸ਼ਦ ਨਦੀਮ ਨੇ 87.82 ਮੀਟਰ ਦੀ ਸਰਵਸ੍ਰੇਸ਼ਠ ਥ੍ਰੋਅ ਦੇ ਨਾਲ ਚਾਂਦੀ ਤੇ ਚੈੱਕ ਗਣਰਾਜ ਦੇ ਯਾਕੂਬ ਵਾਲੇਸ਼ ਨੇ ਕਾਂਸੀ ਤਮਗਾ ਜਿੱਤਿਆ।



ਭਾਰਤ ਦਾ ਕਿਸ਼ੋਰ ਜੇਨਾ 5ਵੇਂ ਸਥਾਨ 'ਤੇ ਰਿਹਾ, ਜਿਸ ਨੇ ਆਪਣਾ ਵਿਅਕਤੀਗਤ ਸਰਵਸ੍ਰੇਸ਼ਠ ਪ੍ਰਦਰਸ਼ਨ ਕਰਦੇ ਹੋਏ 84.77 ਮੀਟਰ ਦੀ ਸਰਵਸ੍ਰੇਸ਼ਠ ਥ੍ਰੋਅ ਕੀਤੀ। ਉੱਥੇ ਹੀ ਡੀ. ਪੀ. ਮਨੂ ਛੇਵੇਂ ਸਥਾਨ 'ਤੇ ਰਿਹਾ, ਜਿਸ ਦੀ ਸਰਵਸ੍ਰੇਸ਼ਠ ਥ੍ਰੋਅ 84.14 ਮੀਟਰ ਦੀ ਸੀ। ਜ਼ਿਕਰਯੋਗ ਹੈ ਕਿ ਪਹਿਲੀ ਵਾਰ ਵਿਸ਼ਵ ਚੈਂਪੀਅਨਸ਼ਿਪ 'ਚ ਖੇਡ ਰਹੇ ਜੇਨਾ ਦਾ ਵੀਜ਼ਾ ਪਹਿਲਾਂ ਦਿੱਲੀ 'ਚ ਹੰਗਰੀ ਦੀ ਅੰਬੈਸੀ ਨੇ ਰੱਦ ਕਰ ਦਿੱਤਾ ਸੀ ਪਰ ਅਗਲੇ ਦਿਨ ਉਸ ਨੂੰ ਵੀਜ਼ਾ ਮਿਲ ਗਿਆ ਸੀ । ਇਹ ਪਹਿਲੀ ਵਾਰ ਸੀ ਜਦੋਂ ਵਿਸ਼ਵ ਚੈਂਪੀਅਨਸ਼ਿਪ 'ਚ ਤਿੰਨ ਭਾਰਤੀਆਂ ਨੇ ਇਕੱਠੇ ਕਿਸੇ ਪ੍ਰਤੀਯੋਗਿਤਾ ਦੇ ਫਾਈਨਲ 'ਚ ਜਗ੍ਹਾ ਬਣਾਈ ਸੀ। ਵਿਸ਼ਵ ਚੈਂਪੀਅਨਸ਼ਿਪ 'ਚ ਇਹ ਪਹਿਲਾ ਸੋਨ ਤਮਗਾ ਹੈ।

ਵਿਸ਼ਵ ਐਥਲੈਟਿਕਸ ਚੈਂਪੀਅਨਸ਼ਿਪ ਦੇ ਇਤਿਹਾਸ 'ਚ ਭਾਰਤ ਦਾ ਇਹ ਪਹਿਲਾ ਸੋਨ ਤਮਗਾ ਤੇ ਓਵਰਆਲ ਤੀਜਾ ਤਮਗਾ ਹੈ। ਪਿਛਲੇ ਸੈਸ਼ਨ 'ਚ ਨੀਰਜ ਨੇ ਚਾਂਦੀ ਤੇ ਮਹਿਲਾ ਲੌਂਗ ਜੰਪਰ ਅੰਜੂ ਬਾਬੀ ਜਾਰਜ ਨੇ 2003 'ਚ ਕਾਂਸੀ ਤਮਗਾ ਜਿੱਤਿਆ ਸੀ। ਭਾਰਤ ਨੇ ਪਹਿਲੀ ਵਾਰ 1983 'ਚ ਵਿਸ਼ਵ ਚੈਂਪੀਅਨਸ਼ਿਪ 'ਚ ਹਿੱਸਾ ਲਿਆ ਸੀ।

# ਭਾਰਤੀ ਮੂਲ ਦੇ ਬ੍ਰਿਟਿਸ਼ ਸਿਖ ਪ੍ਰੋਫੈਸਰ ਸਿੰਗਾਪੁਰ ਵਿਚ 'ਸਿੱਖੀ' ਬਾਰੇ ਲੈਕਚਰ ਦੇਣਗੇ

ਸਿੰਗਾਪੁਰ, 27 ਅਗਸਤ (ਪੋਸਟ ਬਿਊਰੋ): ਸਿੰਗਾਪੁਰ ਦੀ ਵੱਕਾਰੀ ਨੈਸ਼ਨਲ ਯੂਨੀਵਰਸਿਟੀ ਨੇ ਬੁੱਧਵਾਰ ਨੂੰ ਬ੍ਰਿਟੇਨ ਵਿਚ ਭਾਰਤੀ ਮੂਲ ਦੇ ਸਿੱਖਿਆ ਸ਼ਾਸਤਰੀ ਜਸਜੀਤ ਸਿੰਘ ਨੂੰ ਸਿੱਖ ਵਿਸ਼ਵਾਸਾਂ 'ਤੇ ਲੈਕਚਰ ਦੇਣ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਿੱਖ ਜੀਵਨ ਢੰਗ ਨੂੰ ਉਤਸ਼ਾਹਿਤ ਕਰਨ ਲਈ ਵਿਜ਼ਟਿੰਗ ਫੈਕਲਟੀ ਵਜੋਂ ਨਿਯੁਕਤ ਕੀਤਾ ਹੈ। 51 ਸਾਲ ਦੇ ਸਿੰਘ ਵਰਤਮਾਨ ਵਿੱਚ ਯੂਕੇ ਦੀ ਲੀਡਜ਼ ਯੂਨੀਵਰਸਿਟੀ ਵਿੱਚ ਇੱਕ ਐਸੋਸੀਏਟ ਪ੍ਰੋਫੈਸਰ ਹਨ। ਸਿੰਘ ਨੂੰ ਸਿੱਖ ਸਟੱਡੀਜ਼ ਵਿੱਚ ਪ੍ਰਮੁੱਖ ਮਾਹਿਰ ਮੰਨਿਆ ਜਾਂਦਾ ਹੈ। ਨੈਸ਼ਨਲ ਯੂਨੀਵਰਸਿਟੀ ਆਫ ਸਿੰਗਾਪੁਰ ਦੇ ਆਰਟਸ ਅਤੇ ਸੋਸ਼ਲ ਸਾਇੰਸਜ਼ ਦੇ ਡੀਨ ਪ੍ਰੋਫੈਸਰ ਲਿਓਨਲ ਵੀ ਨੇ ਕਿਹਾ ਕਿ ਧਰਮ ਬਾਰੇ ਆਪਣੀ ਮੁਹਾਰਤ ਨਾਲ ਜਸਜੀਤ ਸਿੰਘ ਨਾ ਸਿਰਫ ਸਿੰਗਾਪੁਰ



ਬਲਕਿ ਅੰਤਰਰਾਸ਼ਟਰੀ ਪੱਧਰ 'ਤੇ ਸਿੱਖ ਮਾਨਤਾਵਾਂ ਅਤੇ ਅਭਿਆਸਾਂ ਅਤੇ ਸਿੱਖ ਜੀਵਨ ਢੰਗ ਬਾਰੇ ਸਾਡੇ ਵਿਦਿਆਰਥੀਆਂ ਦੇ ਗਿਆਨ ਨੂੰ ਡੂੰਘਾ ਕਰਨਗੇ। ਪ੍ਰੋਫੈਸਰ ਵੀ ਨੇ ਕਿਹਾ ਕਿ ਸਿੰਘ ਸਿੱਖ ਅਧਿਐਨ ਦੇ ਪ੍ਰਮੁੱਖ ਮਾਹਿਰ ਹਨ। ਉਹ ਆਪਣੇ ਪ੍ਰਭਾਵ-ਸਬੰਧਤ ਕੰਮ ਵਿੱਚ ਇੱਕ ਨਵੀਨਤਾਕਾਰੀ ਵਜੋਂ ਵੀ ਜਾਣੇ ਜਾਂਦੇ ਹਨ। ਇਹ ਯੂਕੇ ਵਿੱਚ ਘੱਟ-ਗਿਣਤੀ ਨਸਲੀ ਭਾਈਚਾਰਿਆਂ ਅਤੇ ਸੰਗਠਨਾਂ ਨਾਲ ਉਸਦੇ ਸਾਰਥਕ ਰੁਝੇਵਿਆਂ ਵਿੱਚ ਝਲਕਦਾ ਹੈ।

## ਅੱਜ ਨਾਮਾ >>

ਬੁਲੇਟ ਟਰੇਨ ਨਹੀਂ ਚੱਲਦੀ ਅਜੇ ਲੱਗਦੀ,
ਹਾਦਸਾ ਪਹਿਲੀਆਂ ਦਾ ਰੋਜ਼ ਹੋਈ ਜਾਂਦਾ।
ਕਿਧਰੇ ਸਿਗਨਲ ਨੇ ਰੇਲ ਲਈ ਫੇਲ੍ਹ ਹੁੰਦੇ,
ਕਿਧਰੇ ਰਾਹਾਂ ਵਿੱਚ ਇੰਜਣ ਖੜੋਈ ਜਾਂਦਾ।
ਕਿਸੇ ਥਾਂ ਬਿਜਲੀ ਦੇ ਟੁੱਟ ਸੰਪਰਕ ਜਾਂਦੇ,
ਇੰਜਣ ਬਿਜਲੀਉਂ ਬਾਝ ਹੀ ਰੋਈ ਜਾਂਦਾ।
ਅੱਗਲੱਗੀ ਫਿਰ ਰੇਲ ਵਿੱਚ ਅੱਜ ਕਿਧਰੇ,
ਕੋਈ ਸਿਲੰਡਰ ਸੀ ਗੈਸ ਦਾ ਢੋਈ ਜਾਂਦਾ।
ਨਿੱਤ ਦਿਨ ਹਾਦਸੇ ਹੋਵਣ ਫਿਰ ਹੋਣ ਮੌਤਾਂ,
ਹਾਦਸਾ ਰੋਕਣ ਦਾ ਲੱਭੇ ਨਹੀਂ ਦਾਅ ਬੇਲੀ।
ਪਿਛਲਾ ਤੰਤਰ ਨਹੀਂ ਕਿਸੇ ਤੋਂ ਸਾਂਭ ਹੁੰਦਾ,
ਅਗਲੇ ਸੁਫਨਿਆਂ ਦਾ ਚੜ੍ਹਦਾ ਚਾਅ ਬੇਲੀ।

**ਤੀਸ ਮਾਰ ਖਾਂ**

# ਆਸਟ੍ਰੇਲੀਆ ਵਿਚ ਜਹਾਜ਼ ਹਾਦਸੇ ਦੌਰਾਨ 3 ਅਮਰੀਕੀ ਫੌਜੀਆਂ ਦੀ ਮੌਤ

ਸਿਡਨੀ, 27 ਅਗਸਤ (ਪੋਸਟ ਬਿਊਰੋ): ਆਸਟ੍ਰੇਲੀਆ ਦੇ ਪੂਰਬੀ ਖੇਤਰ ਦੇ ਟਿਵੀ ਟਾਪੂ 'ਤੇ ਐਤਵਾਰ ਸਵੇਰੇ ਇਕ ਜਹਾਜ਼ ਹਾਦਸੇ ਵਿਚ ਤਿੰਨ ਅਮਰੀਕੀ ਫੌਜੀਆਂ ਦੀ ਮੌਤ ਹੋ ਗਈ। ਇਸ ਦੇ ਨਾਲ ਹੀ 20 ਹੋਰ ਜ਼ਖਮੀ ਹੋ ਗਏ। ਦੱਸਿਆ ਗਿਆ ਕਿ ਇਹ ਸੈਨਿਕ ਇੱਕ ਟਰੇਨਿੰਗ ਡ੍ਰਿਲ ਵਿੱਚ ਹਿੱਸਾ ਲੈ ਰਹੇ ਸਨ। ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ।





ਯੂ.ਐੱਸ ਮਰੀਨ ਕੋਰ ਦੁਆਰਾ ਜਾਰੀ ਕੀਤੇ ਗਏ ਇੱਕ ਬਿਆਨ ਅਨੁਸਾਰ ਜਿਹੜੇ ਜਹਾਜ਼ ਹਾਦਸੇ ਵਿਚ ਸੈਨਿਕਾਂ ਦੀ ਮੌਤ ਹੋਈ ਹੈ, ਉਹ ਬੋਇੰਗ ਐਮਵੀ-22ਬੀ ਓਸਪ੍ਰੇ ਟਿਲਟ-ਰੋਟਰ ਏਅਰਕ੍ਰਾਫਟ ਹੈ। ਇਸ ਵਿਚ 23 ਅਮਰੀਕੀ ਫ਼ੌਜੀ ਸਵਾਰ ਸਨ, ਜੋ ਡਾਰਵਿਨ ਵਿਚ ਤਾਇਨਾਤ ਹਨ ਅਤੇ ਆਸਟ੍ਰੇਲੀਆ ਅਤੇ ਫਿਲੀਪੀਨਜ਼ ਦੀਆਂ ਫ਼ੌਜਾਂ ਨਾਲ ਅਭਿਆਸ ਵਿਚ ਹਿੱਸਾ ਲੈ ਰਹੇ ਸਨ। ਅੱਜ ਸਵੇਰੇ ਅਭਿਆਸ ਦੌਰਾਨ ਉਹਨਾਂ ਦਾ ਜਹਾਜ਼ ਕਰੈਸ਼ ਹੋ ਗਿਆ। ਮਰੀਨ ਕੋਰ ਦੇ ਬੁਲਾਰੇ ਅਨੁਸਾਰ ਤਿੰਨ ਸੈਨਿਕਾਂ ਦੇ ਮਾਰੇ ਜਾਣ ਦੀ ਪੁਸ਼ਟੀ ਕੀਤੀ ਗਈ ਹੈ, ਜਦਕਿ ਪੰਜ ਹੋਰ ਗੰਭੀਰ ਰੂਪ ਨਾਲ ਜ਼ਖਮੀ ਹਨ, ਜਿਨ੍ਹਾਂ ਨੂੰ ਰਾਇਲ ਡਾਰਵਿਨ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਫਿਲਹਾਲ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

ਆਸਟ੍ਰੇਲੀਅਨ ਪੁਲਸ ਨੇ ਕਿਹਾ ਕਿ ਇਸ ਘਟਨਾ ਵਿੱਚ ਸਿਰਫ ਅਮਰੀਕੀ ਫ਼ੌਜੀ ਹੀ ਸ਼ਾਮਲ ਸਨ ਅਤੇ ਅਭਿਆਸ ਵਿੱਚ ਕੋਈ ਵੀ ਆਸਟ੍ਰੇਲੀਆਈ ਫ਼ੌਜੀ ਜਾਂ ਸੁਰੱਖਿਆ ਅਧਿਕਾਰੀ ਜ਼ਖਮੀ ਨਹੀਂ ਹੋਇਆ। ਉੱਧਰ ਆਸਟ੍ਰੇਲੀਅਨ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕਰਦੇ ਹੋਏ ਕਿਹਾ ਕਿ ਰੱਖਿਆ ਵਿਭਾਗ ਘਟਨਾ 'ਤੇ ਤੁਰੰਤ ਜਵਾਬ ਦੇਣ ਲਈ ਕੰਮ ਕਰ ਰਿਹਾ ਹੈ। ਇਹ ਇੱਕ ਦੁਖਦ ਹਾਦਸਾ ਹੈ ਅਤੇ ਅਸੀਂ ਹਰ ਤਰ੍ਹਾਂ ਦੀ ਮਦਦ ਕਰ ਰਹੇ ਹਾਂ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience


SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install
Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਰਕਾਰ ਨਾਲ ਸਿੱਧੇ ਟਕਰਾਅ ਵੱਲ ਤੁਰੇ ਗਵਰਨਰ ਪੁਰੋਹਿਤ, ਪੰਜਾਬ ਦੇ ਭਵਿੱਖ ਲਈ ਮਾੜੇ ਸੰਕੇਤ



ਜਤਿੰਦਰ ਪੰਨੂ

ਹੱਥਲੀ ਲਿਖਤ ਲਿਖਦੇ ਵਕਤ ਸਾਡੇ ਸਾਹਮਣੇ ਪੰਜਾਬ ਦੇ ਮੌਜੂਦਾ ਗਵਰਨਰ ਬਨਵਾਰੀ ਲਾਲ ਪੁਰੋਹਿਤ ਦਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਝੀ ਅਗਸਤ ਨੂੰ ਲਿਖਿਆ ਪੱਤਰ ਪਿਆ ਹੈ। ਇਸ ਪੱਤਰ ਵਿੱਚ ਉਨ੍ਹਾਂ ਨੇ ਮੁੱਖ ਮੰਤਰੀ ਨੂੰ ਸਿੱਧੀ ਬੋਲੀ ਵਿੱਚ ਕਹਿ ਦਿੱਤਾ ਹੈ ਕਿ ਮੁੱਖ ਮੰਤਰੀ ਨੇ ਉਨ੍ਹਾਂ ਦੀਆਂ ਲਿਖੀਆਂ ਚਿੱਠੀਆਂ ਦਾ ਕਦੀ ਜਵਾਬ ਨਹੀਂ ਦਿੱਤਾ, ਸੰਵਿਧਾਨ ਅਨੁਸਾਰ ਇਹ ਦੇਣਾ ਚਾਹੀਦਾ ਸੀ। ਉਨ੍ਹਾਂ ਨੇ ਮੁੱਖ ਮੰਤਰੀ ਵੱਲੋਂ ਕੀਤੀਆਂ ਕਈ ਟਿਪਣੀਆਂ ਦਾ ਵੀ ਜ਼ਿਕਰ ਕਰ ਕੇ ਅੰਤ ਵਿੱਚ ਸੰਵਿਧਾਨ ਦੀਆਂ ਕੁਝ ਧਾਰਾਵਾਂ ਦੇ ਹਵਾਲੇ ਦੇ ਕੇ ਸਾਫ ਧਮਕੀ ਦਿੱਤੀ ਹੈ ਕਿ ਉਹ ਰਾਜ ਸਰਕਾਰਵਿਰੁੱਧ ਰਾਸ਼ਟਰਪਤੀ ਨੂੰ ਆਪਣੀ ਸਿਫਾਰਸ਼ ਭੇਜ ਸਕਦੇ ਹਨ। ਇਹ ਆਖਰੀ ਕਦਮ ਹੈ, ਜਿਹੜਾ ਕੋਈ ਗਵਰਨਰ ਕਿਸੇ ਸਰਕਾਰ ਵਿਰੁੱਧ ਚੁੱਕ ਸਕਦਾ ਹੈ ਤੇ ਜਦੋਂ ਏਦਾਂ ਦੀ ਸਿਫਾਰਸ਼ ਚਲੀ ਜਾਵੇ ਤਾਂ ਕੇਂਦਰ ਸਰਕਾਰ ਇਸ ਬਾਰੇ ਮੀਟਿੰਗ ਕਰਦੀ ਅਤੇ ਆਮ ਤੌਰ ਉੱਤੇ ਸੰਬੰਧਤ ਰਾਜ ਦੀ ਸਰਕਾਰ ਵਿਰੁੱਧ ਕਾਰਵਾਈ ਕਰਨ ਲਈ ਰਾਸ਼ਟਰਪਤੀ ਨੂੰ ਅਗਲੀ ਸਿਫਾਰਸ਼ ਕਰ ਦੇਂਦੀ ਹੈ। ਅਸਲੀਅਤ ਇਹ ਹੈ ਕਿ ਹਰ ਗਵਰਨਰ ਦੇ ਕੋਲ ਹਰ ਸਰਕਾਰ ਵਿਰੁੱਧਏਦਾਂ ਦੀ ਰਿਪੋਰਟ ਭੇਜਣ ਦਾ ਮਸਾਲਾ ਹਰ ਵਕਤ ਜਮ੍ਹਾਂ ਹੁੰਦਾ ਹੈ ਅਤੇ ਭਾਵੇਂ ਕੇਂਦਰ ਅਤੇ ਰਾਜ ਵਿੱਚ ਇੱਕੋ ਪਾਰਟੀ ਦੀ ਸਰਕਾਰ ਵੀ ਹੋਵੇ, ਗਵਰਨਰ ਏਦਾਂ ਦੀ ਤਿਆਰੀ ਹਮੇਸ਼ਾ ਕਰਦੇ ਰਹਿੰਦੇ ਹਨ ਕਿ ਜੇ ਕਦੇ ਆਪਣਾ ਬੰਦਾ ਵੀ ਬਾਗੀ ਹੁੰਦਾ ਨਜ਼ਰ ਪਵੇ ਤਾਂ ਉਸ ਦੇ ਹੇਠੋਂ ਵੀ ਫੱਟਾ ਖਿੱਚਣ ਵਿੱਚ ਦੇਰ ਨਾ ਹੋਵੇ। ਸਾਰੀ ਫਾਈਲ ਤਿਆਰ ਰੱਖੀ ਜਾਣ ਦੇ ਬਾਵਜੂਦ ਕਦੇ ਕੋਈ ਗਵਰਨਰ ਏਦਾਂ ਦੀ ਸਿਫਾਰਸ਼ ਆਪਣੇ ਆਪ ਨਹੀਂ ਭੇਜਦਾ, ਕੇਂਦਰ ਸਰਕਾਰ ਨਾਲ ਸਿੱਧੀਆਂ ਵਿਚਾਰਾਂ ਜਾਂ ਵਿਚਲੇ ਕੁਝ ਲੋਕਾਂ ਦੇ ਰਾਹੀਂ ਸਲਾਹਾਂ ਦੀ ਲੜੀ ਚਲਾਈ ਰੱਖਦਾ ਹੈ, ਜਦੋਂ ਕੇਂਦਰ ਸਰਕਾਰ ਕਹਿ ਦੇਵੇ ਕਿ ਏਹੋ ਜਿਹੀ ਫਾਈਲ ਭੇਜ ਦੇਵੋ ਤਾਂ ਦਸਾਂ ਮਿੰਟਾਂ ਵਿੱਚ ਇਹ ਕੰਮ ਕਰਨ ਲਈ ਅਗੇਤੀ ਬਣਾ ਕੇ ਰੱਖੀ ਚਿੱਠੀ ਫਾਈਲ ਨਾਲ ਨੱਥੀ ਕਰਦਾ ਅਤੇ ਕੇਂਦਰ ਵੱਲ ਭੇਜ ਦੇਂਦਾ ਹੈ। ਜਿੱਦਾਂ ਦੀ ਦਬਕੇ ਦੀ ਭਾਸ਼ਾ ਨਾਲ ਭਰੀ ਚਿੱਠੀ ਪੰਜਾਬ ਦੇ ਗਵਰਨਰ ਨੇ ਇਸ ਵਾਰੀ ਪੰਜਾਬ ਦੇ ਮੁੱਖ ਮੰਤਰੀ ਨੂੰ ਭੇਜੀ ਹੈ, ਇਸ ਤੋਂ ਲੱਗਦਾ ਹੈ ਕਿ ਕੇਂਦਰ ਸਰਕਾਰ ਇਸ ਸਰਕਾਰ ਨੂੰ ਝੁਕਾਉਣ ਜਾਂ ਲਾਂਭੇ ਕਰਨ ਦਾ ਮਨ ਬਣਾ ਚੁੱਕੀ ਹੋ ਸਕਦੀ ਹੈ। ਅੱਗੋਂ ਭਗਵੰਤ ਮਾਨ ਜਾਂ ਉਸ ਦੀ ਪਾਰਟੀ ਇਸ ਤੋਂ ਬਚਣ ਦਾ ਰਾਹ ਲੱਭੇਗੀ ਜਾਂ ਟੱਕਰ ਲਈ ਅੱਗੇ ਵਧੇਗੀ, ਕਹਿ ਸਕਣਾ ਔਖਾ ਹੈ।

ਸੱਚਾਈ ਇਹ ਹੈ ਕਿ ਪਿਛਲੇ ਸਮੇਂ ਵਿੱਚ ਦੋਵਾਂ ਧਿਰਾਂ ਦਾ ਵਿਹਾਰ ਇੱਕ ਦੂਜੇ ਨਾਲ ਤਾਲਮੇਲ ਕਰਨ ਦੀ ਥਾਂ ਸਿੱਧੇ ਜਾਂ ਵਲਾਵੇਂਦਾਰ ਮਿਹਣੇ ਮਾਰਨ ਤੇ ਲੋਕ-ਕਚਹਿਰੀ ਵਿੱਚ ਬੁਰਾ ਬਣਾਉਣ ਵਾਲਾ ਹੀ ਰਿਹਾ ਹੈ। ਜਿਹੜੇ ਰੰਗ ਗਵਰਨਰ ਸਾਹਿਬ ਨੇ ਪੰਜਾਬ ਸਰਕਾਰ ਨੇ ਵਿਖਾਏ ਹਨ, ਅੱਜ ਤੱਕ ਇਹ ਰੰਗੇ ਕਦੇ ਵੇਖੇ ਹੀ ਨਹੀਂ ਸਨ। ਅਸੀਂ ਲੋਕ ਗਵਰਨਰਾਂ ਦੇ ਦਾਬੇ ਤੇ ਉਨ੍ਹਾਂ ਵੱਲੋਂ ਏਦਾਂ ਦੀਆਂ ਸਿਫਾਰਸ਼ਾਂ ਭੇਜਣ ਪਿੱਛੋਂ ਪੰਜਾਬ ਦੀਆਂ ਸਰਕਾਰਾਂ ਤੋੜਨ ਦੀਆਂ ਘਟਨਾਵਾਂ ਕਈ ਵਾਰ ਵੇਖ ਚੁੱਕੇ ਹਾਂ। ਸਾਡੀ ਜਾਣਕਾਰੀ ਮੁਤਾਬਕ ਪਹਿਲੀ ਵਾਰ ਰਾਸ਼ਟਰਪਤੀ ਰਾਜ ਵੀ ਪੰਜਾਬ ਵਿੱਚ ਲਾਇਆ ਗਿਆ ਸੀ, ਜਦੋਂ ਦੋ ਕਾਂਗਰਸੀ ਮੁੱਖ ਮੰਤਰੀਆਂ ਗੋਪੀ ਚੰਦ ਭਾਰਗੋ ਤੇ ਭੀਮ ਸੈਨ ਸੱਚਰ ਦੀ ਖਿੱਚੋਤਾਣ ਕਿਸੇ ਪਾਸੇ ਲੱਗਦੀਨਹੀਂ ਸੀ। ਫਿਰ ਦੂਸਰਾ ਰਾਸ਼ਟਰਪਤੀ ਰਾਜ ਵੀ ਪੰਜਾਬ ਦੀਆਂ ਕੁਝ ਰਿਆਸਤਾਂ ਨੂੰ ਮਿਲਾ ਕੇ ਬਣਾਏ ਪੈਪਸੂ ਰਾਜ ਦੀ ਸਰਕਾਰ ਤੋੜ ਕੇ ਲਾਇਆ ਗਿਆ ਸੀ ਤੇ ਤੀਸਰੀ ਵਾਰ ਕੁਝ ਸਾਲ ਪਿੱਛੋਂ ਇਹੋ ਕੁਝ ਦੱਖਣ ਦੇ ਰਾਜ ਕੇਰਲਾ ਵਿੱਚ ਪਹਿਲੀ ਵਾਰ ਵੋਟਾਂ ਨਾਲ ਚੁਣੀ ਗਈ ਕਮਿਊਨਿਸਟ ਸਰਕਾਰ ਤੋੜਨ ਵੇਲੇ ਹੋਇਆ ਸੀ। ਪੰਜਾਬ ਸਭ ਤੋਂ ਵੱਧ ਵਾਰੀ ਇਸ ਤਰ੍ਹਾਂ ਰਾਸ਼ਟਰਪਤੀ ਰਾਜ ਲੱਗਣ ਦੀ ਸੱਟ ਖਾਣ ਵਾਲੇ ਤਿੰਨ ਰਾਜਾਂ ਵਿੱਚੋਂ ਇੱਕ ਸੀ ਅਤੇ ਅੱਜ ਫਿਰ ਓਸੇ ਦੋਰਾਹੇ ਉੱਤੇ ਖੜਾ ਜਾਪਦਾ ਹੈ।

ਸਮਾਜੀ ਜੀਵਨ ਵਿੱਚ ਆਉਣ ਮਗਰੋਂ ਅਸੀਂ ਐਮਰਜੈਂਸੀ ਦੇ ਬਾਅਦ ਗਿਆਨੀ ਜ਼ੈਲ ਸਿੰਘ ਦੀ ਸਰਕਾਰ ਤੋੜਨ ਦਾ ਮੋਰਾਰਜੀ ਡਿਸਾਈ ਸਰਕਾਰ ਦਾ ਵੇਲਾ ਪਹਿਲੀ ਵਾਰ ਵੇਖਿਆ ਸੀ। ਜਿਨ੍ਹਾਂ ਸੱਜਣਾ ਨੇ ਉਹ ਸਰਕਾਰ ਤੁੜਵਾਈ, ਪੌਣੇ ਤਿੰਨ ਸਾਲਾਂ ਪਿੱਛੋਂ



ਉਹ ਖੁਦ ਇੰਦਰਾ ਗਾਂਧੀ ਸਰਕਾਰ ਤੋਂ ਇਹੋ ਸੱਟ ਖਾ ਬੈਠੇ ਸਨ। ਇਸ ਪਿੱਛੋਂ ਕਾਂਗਰਸ ਦੇ ਦਰਬਾਰਾ ਸਿੰਘ ਦੀ ਸਰਕਾਰ ਵੀ ਸਾਢੇ ਤਿੰਨ ਸਾਲ ਪੂਰੇ ਹੋਣ ਤੋਂ ਪਹਿਲਾਂ ਤੋੜ ਕੇ ਰਾਸ਼ਟਰਪਤੀ ਰਾਜ ਲਾਉਣ ਦੀ ਨੌਬਤ ਆਈ ਤੇ ਅਗਲੇ ਸਾਲਾਂ ਵਿੱਚ ਵੱਡੀਆਂ ਸੋਗੀ ਘਟਨਾਵਾਂ ਪਿੱਛੋਂ ਬਣੀ ਸੁਰਜੀਤ ਸਿੰਘ ਬਰਨਾਲੇ ਦੀ ਸਰਕਾਰ ਦੋ ਸਾਲ ਪੂਰੇ ਕਰਨੋਂ ਪਹਿਲਾਂ ਏਸੇ ਤਰ੍ਹਾਂ ਤੋੜੀ ਗਈ ਸੀ। ਇਨ੍ਹਾਂ ਸਾਰੇ ਮੌਕਿਆਂ ਉੱਤੇ ਪੰਜਾਬ ਦਾ ਹੰਢਾਇਆ ਸਮਾਂ ਸਾਰੇ ਦੇਸ਼ ਵਿੱਚ ਸਭ ਤੋਂ ਵੱਧ ਹੁੰਦਾ ਸੀ, ਪਰ ਜੰਮੂ-ਕਸ਼ਮੀਰ ਵਿੱਚ ਪਿਛਲੇ ਚਾਰ ਸਾਲਾਂ ਦੇ ਦੌਰ ਨੇ ਉਸ ਦੇ ਰਾਸ਼ਟਰਪਤੀ ਰਾਜ ਦਾ ਸਮਾਂ ਬਾਕੀ ਸਾਰੇ ਰਾਜਾਂ ਨਾਲੋਂ ਵਧਾ ਕੇ ਪਹਿਲੇ ਥਾਂ ਪੁਚਾ ਦਿੱਤਾ ਹੈ। ਅੱਗੋਂ ਕੀ ਕੁਝ ਹੋ ਸਕਦਾ ਹੈ, ਕੋਈ ਕਹਿਣ ਜੋਗਾ ਨਹੀਂ।

ਪੰਜਾਬ ਦੇ ਮੌਜੂਦਾ ਗਵਰਨਰ ਅਤੇ ਮੌਜੂਦਾ ਮੁੱਖ ਮੰਤਰੀ ਦੀ ਖਿੱਚੋਤਾਣ ਬਾਰੇ ਅਸੀਂ ਪਹਿਲੇ ਦਿਨੋਂ ਇਹ ਕਹਿ ਰਹੇ ਹਾਂ ਕਿ ਇਹ ਇਸ ਰਾਜ ਅਤੇ ਰਾਜ ਦੇ ਲੋਕਾਂ ਦੇ ਹਿੱਤ ਵਿੱਚ ਚੰਗੀ ਨਹੀਂ। ਦੋਵਾਂ ਧਿਰਾਂ ਦੀ ਕੁੜੱਤਣ



ਮੁਕਾਉਣ ਵਾਸਤੇ ਨਾ ਸਹੀ, ਘਟਾਉਣ ਲਈ ਵੀ ਜੋ ਕੁਝ ਹੋ ਸਕਦਾ ਸੀ, ਉਹ ਕੀਤਾ ਨਹੀਂ ਗਿਆ। ਕੁਝ ਲੋਕ ਕਹਿੰਦੇ ਹਨ ਕਿ ਕਿਸੇ ਰਾਜ ਵਿੱਚ ਦੇਸ਼ ਦੇ ਸੰਵਿਧਾਨ ਦੀ ਧਾਰਾ ਤਿੰਨ ਸੌ ਛਪੰਜਾ ਲਾਗੂ ਕਰਨ ਬਾਰੇ ਸੁਪਰੀਮ ਕੋਰਟ ਦੇ ਬੀਤੇ ਸਮੇਂ ਦੇ ਕੁਝ ਫੈਸਲੇ ਏਦਾਂ ਦੇ ਹਨ ਕਿ ਕੇਂਦਰ ਸਰਕਾਰ ਨੂੰ ਇਹ ਕੰਮ ਕਰਨ ਤੋਂ ਪਹਿਲਾਂ ਕੁਝ ਸੋਚਣਾ ਪਵੇਗਾ। ਇਹ ਗੱਲ ਠੀਕ ਨਹੀਂ। ਕੁੜੱਤਣ ਜਿੰਨੀ ਵਧਦੀ ਗਈ ਸੀ, ਦਿੱਲੀ ਬਾਰੇ ਵੀ ਅਸੀਂ ਪਹਿਲਾਂ ਕਹਿ ਦਿੱਤਾ ਸੀ ਕਿ ਕੇਂਦਰ ਸਰਕਾਰ ਉਸ ਦੇ ਅੱਗੇ ਕੰਡੇ ਬੀਜਣ ਲਈ ਇਹੋ ਜਿਹਾ ਕੁਝ ਕਰ ਸਕਦੀ ਹੈ, ਜਿਸ ਦਾ ਤੋੜ ਨਹੀਂ ਨਿਕਲਣਾ ਅਤੇ ਉਹ ਹੋ ਗਿਆ ਸੀ। ਸਰਕਾਰ ਉਹ ਤੋੜੀ ਨਹੀਂ ਗਈ, ਪਰ ਮੁੱਖ ਮੰਤਰੀ ਹੁੰਦੇ ਹੋਏ ਵੀ ਉਸ ਦਾ ਅਧਿਕਾਰ ਕੋਈ ਨਹੀਂ ਰਹਿਣ ਦਿੱਤਾ ਗਿਆ ਤੇ ਕੇਂਦਰ ਸਰਕਾਰ ਨੇ ਇਹ ਕੁਝ ਸਿਰਫ ਆਰਡੀਨੈਂਸ ਜਾਰੀ ਕਰ ਕੇ ਅਤੇ ਫਿਰ ਕੁਝ ਵਾਧੇ-ਘਾਟੇ ਨਾਲ ਓਸੇ ਨੂੰ ਬਿੱਲ ਵਜੋਂ ਪਾਸ ਕਰ ਕੇ ਜ਼ਿਦ ਪੂਰੀ ਕਰ ਲਈ ਹੈ। ਅੱਜ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਹੈ, ਪਰ ਅਧਿਕਾਰ ਉਸ ਦੇ ਕੋਈ ਖਾਸ ਨਹੀਂ ਰਹੇ।

ਸੰਵਿਧਾਨ ਦੀ ਧਾਰਾ ਤਿੰਨ ਸੌ ਛਪੰਜਾ ਬਾਰੇ ਇਹ ਗਲਤ ਸਮਝ ਹੈ ਕਿ ਉਸ ਦੀ ਵਰਤੋਂ ਨਾਲ ਰਾਜ ਸਰਕਾਰ ਤੋੜੀ ਜਾਣ ਦਾ ਕੰਮ ਹੀ ਹੁੰਦਾ ਹੈ, ਅਸਲੀਅਤ ਇਹ ਹੈ ਕਿ ਕਿਸੇ ਮੁਕੰਮਲ ਰਾਜ ਦੀ ਸਰਕਾਰ ਨੂੰ ਵੀ ਅਰਵਿੰਦ ਕੇਜਰੀਵਾਲ ਦੀ ਸਰਕਾਰ ਵਾਂਗ ਅਸਲੋਂ ਨਾਕਾਰਾ ਕਰ ਦੇਣ ਦਾ ਪ੍ਰਬੰਧ ਇਸ ਸੰਵਿਧਾਨਕ ਧਾਰਾ ਵਿੱਚ ਮੌਜੂਦ ਹੈ। ਇਹ ਧਾਰਾ ਕਹਿੰਦੀ ਹੈ ਕਿ ਗਵਰਨਰ ਦੀ ਸਿਫਾਰਸ਼ ਨਾਲ ਜੇ ਰਾਸ਼ਟਰਪਤੀ ਦੀ ਤਸੱਲੀ ਹੋ ਜਾਵੇ ਕਿ ਰਾਜ ਸਰਕਾਰ ਠੀਕ ਨਹੀਂ ਚੱਲਦੀ ਤਾਂ ਉਸ ਵਕਤ ਉਸ ਸਰਕਾਰ ਦੇ ਸਾਰੇ ਅਧਿਕਾਰ ਜਾਂ ਜਿੰਨੇ ਅਧਿਕਾਰ ਚਾਹੇ, ਉਸ ਤੋਂ ਖੋਹ ਕੇ ਆਪਣੇ ਹੱਥ ਲੈਣ ਵਾਲਾ ਕੰਮ ਕਰ ਸਕਦਾ ਹੈ। ਓਸੇ ਧਾਰਾ ਦੀ ਦੂਸਰੀ ਉੱਪ-ਧਾਰਾ ਮੁਤਾਬਕ ਉਸ ਰਾਜ ਦੀ ਵਿਧਾਨ ਸਭਾ ਨੂੰ ਮਿਲੀਆਂ ਹੋਈਆਂ ਸਭ ਤਾਕਤਾਂ ਵੀ ਰਾਸ਼ਟਰਪਤੀ ਉਸ ਤੋਂ ਵਾਪਸ ਲੈ ਸਕਦਾ ਹੈ। ਰਾਜ ਸਰਕਾਰ ਤੋਂ ਜਾਂ ਰਾਜ ਦੀ ਵਿਧਾਨ ਸਭਾ ਤੋਂ ਜਿਹੜੇ ਅਧਿਕਾਰ ਵੀ ਰਾਸ਼ਟਰਪਤੀ ਨੇ ਖੋਹਣੇ ਹਨ, ਉਹ ਕਹਿਣ ਨੂੰ ਰਾਸ਼ਟਰਪਤੀ ਨੇ ਖੋਹਣੇ ਹਨ, ਅਸਲ ਵਿੱਚ ਫੈਸਲਾ ਵੀ ਕੇਂਦਰ ਸਰਕਾਰ ਨੇ ਕਰਨਾ ਹੁੰਦਾ ਹੈ ਅਤੇ ਜਦੋਂ ਉਹ ਰਾਜ ਸਰਕਾਰ ਟੁੱਟ ਜਾਵੇ, ਫਿਰ ਉਸ ਦਾ ਰਾਜ ਪ੍ਰਬੰਧ ਵੀ ਕੇਂਦਰ ਦੇ ਗ੍ਰਹਿ ਮੰਤਰਾਲੇ ਦੇ ਰਾਹੀਂ ਓਥੋਂ ਚਲਾਇਆ ਜਾਂਦਾ ਅਸੀਂ ਕਈ ਵਾਰ ਵੇਖ ਚੁੱਕੇ ਹਾਂ। ਇਹੋ ਜਿਹੀ ਨੌਬਤ ਆਉਣ ਤੋਂ ਰੋਕਣ ਦਾ ਇੱਕ ਤਰੀਕਾ ਹੁੰਦਾ ਹੈ ਕਿ ਦੁਵੱਲੀ ਕੁੜੱਤਣ ਘਟਾ ਕੇ ਹਾਲਾਤ ਏਦਾਂ ਦੇ ਬਣਾਏ ਜਾਣ ਕਿ ਕੇਂਦਰ ਸਰਕਾਰਇਹੋ ਜਿਹਾ ਕਦਮ ਨਾ ਚੁੱਕੇ ਅਤੇ ਦੂਸਰਾ ਤਰੀਕਾ ਇਸ ਨੂੰ ਰੋਕਣ ਲਈ ਸੁਪਰੀਮ ਕੋਰਟ ਵਿੱਚ ਅਗੇਤੀ ਪਹੁੰਚ ਦੀ ਅਰਜ਼ੀ ਦਾ ਹੋ ਸਕਦਾ ਹੈ। ਅਗੇਤੀ ਅਰਜ਼ੀ ਨਾਲ ਏਦਾਂ ਦਾ ਕੋਈ ਕਦਮ ਰੁਕਣਾ ਹੁੰਦਾ ਤਾਂ ਸੁਪਰੀਮ ਕੋਰਟ ਵੱਲੋਂ ਦਿੱਲੀ ਸਰਕਾਰ ਦੇ ਹੱਕ ਵਿੱਚ ਫੈਸਲਾ ਕਰ ਦੇਣ ਦੇ ਬਾਅਦ ਕੇਂਦਰ ਸਰਕਾਰ ਨੇ ਉਹ ਕਦਮ ਨਹੀਂ ਸੀ ਚੁੱਕਣਾ, ਜਿਹੜਾ ਕੇਜਰੀਵਾਲ ਦੇ ਖਿਲਾਫ ਚੁੱਕਿਆ ਗਿਆ ਤੇ ਪਾਰਲੀਮੈਂਟ ਤੋਂ ਬਿੱਲ ਪਾਸ ਕਰਵਾ ਕੇ ਕਾਨੂੰਨੀ ਮੋਹਰ ਲਾਈ ਗਈ ਹੈ। ਇਸ ਲਈ ਪੰਜਾਬ ਦੀ ਸਰਕਾਰ ਦਾ ਕੀ ਬਣੇਗਾ, ਇਸ ਬਾਰੇ ਕੇਂਦਰ ਦਾ ਇਰਾਦਾ ਵੀ ਸੁਪਰੀਮ ਕੋਰਟ ਦੇ ਦਖਲ ਨਾਲ ਬਦਲ ਸਕਣ ਦੀ ਬਹੁਤੀ ਆਸ ਨਹੀਂ।

ਕੁੱਲ ਮਿਲਾ ਕੇ ਸਥਿਤੀ ਏਦਾਂ ਦੀ ਹੈ ਕਿ ਪੰਜਾਬ ਦੇ ਹਾਲਾਤ ਲਗਾਤਾਰ ਜਿਸ ਪਾਸੇ ਵਧੀ ਜਾਂਦੇ ਹਨ ਤੇ ਅੱਗੇ ਕੋਈ ਸਪੀਡ-ਬਰੇਕਰ ਨਹੀਂ ਦਿੱਸਦਾ, ਉਸ ਤੋਂ ਹਰ ਪੰਜਾਬੀ ਨੂੰ ਚਿੰਤਤ ਹੋਣਾ ਚਾਹੀਦਾ ਹੈ। ਗੁਜਰਾਤ ਦੀ ਇੱਕ ਯੂਨੀਵਰਸਿਟੀ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਡਿਗਰੀ ਬਾਰੇ ਕੀਤੇ ਗਏ ਕੇਸ ਵਿੱਚ ਅਰਵਿੰਦ ਕੇਜਰੀਵਾਲ ਸੁਪਰੀਮ ਕੋਰਟ ਦਾ ਚੱਕਰ ਲਾ ਮੁੜਿਆ ਹੈ, ਪਰ ਰਾਹਤ ਨਹੀਂ ਮਿਲੀ। ਇਸ ਪਿੱਛੋਂ ਸਿਰਫ ਇਹੋ ਨਹੀਂ ਕਿ ਉਸ ਕੇਸ ਲਈ ਉਸ ਨੂੰ ਉਸੇ ਰਾਜ ਦੀ ਇੱਕ ਅਦਾਲਤ ਵਿੱਚ ਜਾਣਾ ਪੈ ਜਾਣਾ ਹੈ, ਜਿੱਥੇ ਰਾਹੁਲ ਗਾਂਧੀ ਨਾਲ ਜੋ ਕੁਝ ਹੋਇਆ, ਸਾਰੇ ਲੋਕਾਂ ਨੂੰ ਪਤਾ ਹੈ, ਸਗੋਂ ਦਿੱਲੀ ਵਾਲੇ ਬਿੱਲ ਬਾਰੇ ਪਾਰਲੀਮੈਂਟ ਵਿੱਚ ਬਹਿਸ ਮੌਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜੋ ਸ਼ਬਦ ਉਸ ਬਾਰੇ ਕਹੇ ਸਨ, ਉਹ ਵੀ ਸਾਫ ਦੱਸਦੇ ਹਨ ਕਿ ਗੱਲ ਕਾਫੀ ਦੂਰ ਤੱਕ ਜਾ ਸਕਦੀ ਹੈ।ਸੰਵਿਧਾਨ ਅਤੇ ਅਦਾਲਤੀ ਸੁਣਵਾਈਆਂ ਦੇ ਬਹੁਤ ਸਾਰੇ ਮਾਹਰ ਦੋਵਾਂ ਧਿਰਾਂ ਕੋਲ ਹਨ, ਪਰ ਇੱਕ ਸ਼ਕਤੀ ਕੇਂਦਰ ਸਰਕਾਰ ਦੇ ਕੋਲ ਅਤੇ ਸਿਰਫ ਉਸੇ ਕੋਲ ਹੈ ਕਿ ਜਿਹੜੀ ਵੀ ਸੰਵਿਧਾਨਕ ਵਿਵਸਥਾ ਉਸ ਨੂੰ ਰਾਸ ਨਾ ਆਉਂਦੀ ਹੋਵੇ, ਉਸ ਨੂੰ ਪਾਰਲੀਮੈਂਟ ਤੋਂ ਪਾਸ ਕਰਵਾ ਕੇ ਸੋਧ ਸਕਦੀ ਹੈ। ਦੇਸ਼ ਦੇ ਸੰਵਿਧਾਨ ਵਿੱਚ ਜੇ ਪਹਿਲਾਂ ਇੱਕ ਸੌ ਪੰਜ ਸੋਧਾਂ ਹੋ ਚੁੱਕੀਆਂ ਹਨ ਅਤੇ ਇਹ ਸੋਧਾਂ ਹਰ ਪਾਰਟੀ ਦੀ ਸਰਕਾਰ ਦੇ ਵਕਤ ਏਸੇ ਤਰ੍ਹਾਂ ਹੁੰਦੀਆਂ ਰਹੀਆਂ ਹੋਣ ਦਾ ਰਿਕ-ਾਰਡ ਹੈ ਤਾਂ ਅਗਲੀ ਉਹ ਸੋਧ ਕਰਨ ਤੋਂ ਮੌਜੂਦਾ ਕੇਂਦਰ ਸਰਕਾਰ ਨੂੰ ਕੋਈ ਤਾਕਤ ਰੋਕ ਨਹੀਂ ਸਕੇਗੀ, ਜਿਸ ਵਿੱਚ ਕਿਸੇ ਰਾਜ ਦੀ ਸਰਕਾਰ ਤੋੜੇ ਬਿਨਾਂ ਉਸ ਰਾਜ ਦੀ ਕਮਾਂਡ ਕੇਂਦਰ ਆਪਣੇ ਹੱਥ ਲੈ ਸਕਦਾ ਹੈ। ਏਦਾਂ ਦੇ ਹਾਲਾਤ ਵਿੱਚ ਪੰਜਾਬ ਜਿਸ ਮੰਝਧਾਰ ਵਿੱਚ ਫਸ ਸਕਦਾ ਹੈ, ਜਾਂ ਫਸਾਇਆ ਜਾ ਸਕਦਾ ਹੈ, ਉਸ ਬਾਰੇ ਸੋਚਣਾ ਵੀ ਨੀਂਦ ਉਡਾ ਸਕਦਾ ਹੈ। ਅਗਲੇ ਦਿਨ ਪੰਜਾਬ ਲਈ ਕੁਝ ਚੰਗੇ ਸੰਕੇਤ ਨਹੀਂ ਦੇਂਦੇ ਜਾਪਦੇ।

## ਕੁਲਤਾਰ ਸਿੰਘ ਸੰਧਵਾਂ ਨੇ ਪੰਚਾਇਤੀ ਅਤੇ ਨਗਰ ਨਿਗਮਾਂ/ ਕੌਂਸਲਾਂ ਦੀਆਂ ਚੋਣਾਂ ਕਰਵਾਉਣ ਸਬੰਧੀ ਕੀਤੀ ਅਧਿਕਾਰੀਆਂ ਨਾਲ ਮੀਟਿੰਗ

ਫਰੀਦਕੋਟ, 27 ਅਗਸਤ (ਗਿਆਨ ਸਿੰਘ): ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਰੀਦਕੋਟ ਦੇ ਅਸ਼ੋਕ ਚੱਕਰ ਹਾਲ ਵਿਖੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਅਗਵਾਈ ਹੇਠ ਪੰਚਾਇਤੀ ਅਤੇ ਨਗਰ ਨਿਗਮਾਂ/ ਕੌਂਸਲਾਂ ਦੀਆਂ ਚੋਣਾਂ ਕਰਵਾਉਣ ਸਬੰਧੀ ਮੀਟਿੰਗ ਕੀਤੀ ਗਈ। ਇਸ ਮੌਕੇ ਫਰੀਦਕੋਟ ਤੋਂ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਹਲਕਾ ਜੈਤੋ ਤੋਂ ਵਿਧਾਇਕ ਅਮੋਲਕ ਸਿੰਘ, ਡਿਪਟੀ ਕਮਿਸ਼ਨਰ ਫਰੀਦਕੋਟ ਵਿਨੀਤ ਕੁਮਾਰ, ਚੇਅਰਮੈਨ ਪਲੈਨਿੰਗ ਬੋਰਡ ਸੁਖਜੀਤ ਸਿੰਘ ਢਿੱਲਵਾਂ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਪਿੰਡ ਏਕਤਾ ਸਨਮਾਨ ਸਕੀਮ ਘੋਸ਼ਤਿ ਕੀਤੀ ਗਈ ਹੈ। ਜਿਸ ਦੇ ਅੰਤਰਗਤ ਜਿਹੜੇ ਜਿਹੜੇ ਪਿੰਡਾਂ ਵਿੱਚ ਪੰਚਾਇਤਾਂ ਸਰਬਸੰਮਤੀ ਨਾਲ ਬਣਨਗੀਆਂ ਉਨ੍ਹਾਂ ਪੰਚਾਇਤਾਂ ਨੂੰ ਪੰਜ ਲੱਖ ਰੁਪਏ ਦੀ ਸਨਮਾਨ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਰੰਗਲਾ ਪੰਜਾਬ ਸਰਬ ਸੰਮਤੀ ਨਾਲ ਹੀ ਬਣਾਇਆ ਜਾ ਸਕਦਾ ਹੈ।

## ਅਨਮੋਲ ਗਗਨ ਮਾਨ ਦੇ ਹੁਕਮਾਂ ‘ਤੇ ਰਿਸ਼ਵਤ ਮੰਗਣ ਵਾਲੇ ਪੁਲਿਸ ਮੁਲਾਜ਼ਮ ਵਿਰੁੱਧ ਪਰਚਾ ਦਰਜ

ਚੰਡੀਗੜ੍ਹ, 27 ਅਗਸਤ (ਪੋਸਟ ਬਿਊਰੋ): ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦੇ ਹੁਕਮਾਂ ‘ਤੇ ਪੁਲਿਸ ਸਟੇਸ਼ਨ ਸਦਰ ਖਰੜ ਵਿਖੇ ਤਾਇਨਾਤ ਪੁਲਿਸ ਮੁਲਾਜ਼ਮ ਊਧਮ ਸਿੰਘ ਖਿਲਾਫ਼ ਰਿਸ਼ਵਤ ਮੰਗਣ ਦੇ ਦੋਸ਼ ਅਧੀਨ ਕੇਸ ਦਰਜ ਕੀਤਾ ਗਿਆ ਹੈ।

**ਰਿਸ਼ਵਤਖੋਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ: ਅਨਮੋਲ ਗਗਨ ਮਾਨ**

ਇਸ ਸਬੰਧੀ ਪ੍ਰਾਪਤ ਜਾਣਕਾਰੀ ਅਨੁਸਾਰ ਖਿਜਰਾਬਾਦ ਨਿਵਾਸੀ ਪਰਮਜੀਤ ਸਿੰਘ ਤੋਂ ਪੁਲਿਸ ਮੁਲਾਜ਼ਮ ਊਧਮ ਸਿੰਘ ਅਸਿੱਧੇ ਢੰਗ ਨਾਲ ਰਿਸ਼ਵਤ ਦੀ ਮੰਗ ਕਰ ਰਿਹਾ ਸੀ। ਪਰਮਜੀਤ ਸਿੰਘ ਵਲੋਂ ਇਸ ਸਬੰਧੀ ਵੀਡੀਓ ਬਣਾ ਕੇ ਵਾਈਰਲ ਕਰ ਦਿੱਤੀ ਗਈ ਸੀ।

ਜੋ ਕਿ ਹਲਕਾ ਖਰੜ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦੇ ਧਿਆਨ ਵਿੱਚ ਆ ਗਈ। ਜਿਸ ‘ਤੇ ਤੁਰੰਤ ਕਾਰਵਾਈ ਕਰਦਿਆਂ ਉਨ੍ਹਾਂ ਐਸ.ਐਸ.ਪੀ. ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ ਇਸ ਸਬੰਧੀ ਤੁਰੰਤ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ ਸਨ। ਜਿਸ ‘ਤੇ ਕਾਰਵਾਈ ਕਰਦਿਆਂ ਊਧਮ ਸਿੰਘ ਖਿਲਾਫ ਥਾਣਾ ਸਦਰ ਖਰੜ ਵਿਖੇ ਐਫ.ਆਈ.ਆਰ. ਦਰਜ ਕਰਕੇ ਸਰਕਾਰੀ ਸੇਵਾਵਾਂ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ।

ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਸ਼ਾਸ਼ਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਨੂੰ ਠੱਲ ਪਾਉਣ ਲਈ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਰੋਕਣ ਲਈ ਵੱਟਸਐਪ ਨੰਬਰ 95012 00200 ਜਾਰੀ ਕੀਤਾ ਗਿਆ ਹੈ ਜਿਸ ਉੱਤੇ ਵੀ ਲੋਕ ਭ੍ਰਿਸ਼ਟਾਚਾਰ ਸਬੰਧੀ ਆਪਣੀ ਸ਼ਿਕਾਇਤਾਂ ਦਰਜ ਕਰ ਸਕਦੇ ਹਨ।


Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3



"For all your real estate needs"
Anabela Serra
Sales Representative
416-400-5825
anabelserra75@gmail.com



$1,149,000




98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5




$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਰਾਮਗੜ੍ਹੀਆ ਫੈਮਲੀ ਪਿਕਨਿਕ ਬਹੁਤ ਹੀ ਯਾਦਗਾਰੀ ਹੋ ਨਿਬੜੀ



ਬਰੈਂਪਟਨ: (ਜਰਨੈਲ ਸਿੰਘ ਮਠਾੜੂ): ਰਾਮਗੜੀਆ ਸਿੱਖ ਫਾਊਂਡੇਸ਼ਨ ਆਫ ਓਨਟਾਰੀਓ ਕੈਨੇਡਾ ਵੱਲੋਂ ਹਰ ਸਾਲ ਦੀ ਤਰਾਂ ਇਸ ਸਾਲ ਵੀ ਚਿਨਕਿਊਜੀ ਪਾਰਕ ਵਿਚ ਰਾਮਗੜੀਆ ਪਰਿਵਾਰਿਕ ਮਿਲਣੀ ( ਪਿਕਨਿਕ ) 20 ਅਗਸਤ ਦਿਨ ਐਤਵਾਰ ਨੂੰ ਆਯੋਜਿਤ ਕੀਤੀ ਗਈ, ਜਿਸ ਵਿਚ ਬਹੁਤ ਵੱਡੀ ਗਿਣਤੀ ਵਿੱਚ ਰਾਮਗੜੀਆ ਪਰਿਵਾਰ ਸ਼ਾਮਲ ਹੋਏ ।ਪਿਕਨਿਕ ਵਿਚ ਨੌਜਵਾਨ ਬੱਚੇ ਬੱਚੀਆਂ ਨੇ ਵੀ ਸ਼ਿਰਕਤ ਕੀਤੀ ।ਸਵੇਰ ਤੋਂ ਹੀ ਚਾਹ , ਸਨੈਕਸ ਅਤੇ ਕੋਲਡ ਡਰਿੰਕ ਦਾ ਲੰਗਰ ਬਾਖੂਬੀ ਚਲਾਇਆ ਜਾ ਰਿਹਾ ਸੀ ।ਤਕਰੀਬਨ 11.30 ਵਜੇ ਬੱਚਿਆਂ ਦੀਆਂ ਖੇਡਾਂ ਸ਼ੁਰੂ ਕਰਵਈਆਂ ਗਈਆਂ,ਵੱਖੋ ਵੱਖਰੇ ਗਰੁਪਾਂ ਵਿੱਚ ਬੱਚਿਆਂ ਦੀਆਂ ਦੌੜਾਂ ਕਰਵਾਈਆਂ ।ਬੱਚਿਆਂ ਨੇ ਬਹੁਤ ਹੀ ਦਿਲਚਸਪੀ ਨਾਲ ਹਿੱਸਾ ਲਿਆ ।ਵੱਡਿਆਂ ਲਈ ਵੀ ਖੇਡਾਂ ਦਾ ਆਯੋਜ਼ਨ ਕੀਤਾ ਗਿਆ ਸੀ ਬੀਬੀਆਂ ਲਈ ਵੀ ਖੇਡਾਂ ਦਾ ਪਰਬੰਧ ਸੀ ।ਮਿਉਜਿਕ ਕੁਰਸੀ ਦੌੜ ਦਾ ਵੀ ਬਹੁਤ ਹੀ ਦਿਲਚਸਪ ਮੁਕਾਬਲਾ



ਹੋਇਆ ।ਸਾਰੀਆਂ ਖੇਡਾਂ ਦਾ ਹੀ ਬਹੁਤ ਸਖਤ ਮੁਕਾਬਲਾ ਸੀ ਅਤੇ ਦਿਲਚਸਪੀ ਭਰਪੂਰ ਸੀ ।ਸਟੇਜ ਦਾ ਸੰਚਾਲਨ ਜਨਰਲ ਸਕੱਤਰ ਹਰਦਿਆਲ ਸਿੰਘ ਝੀਤਾ ਨੇ ਬਾਖੂਬੀ ਨਿਭਾਇਆ ।ਇਸ ਪਿਕਨਿਕ ਵਿਚ ਕਈ ਸਾਹਿਤਕ ਗਰੁੱਪਾਂ ਦੇ ਨੁਮਾਂਇਦੇ ਵੀ ਸ਼ਾਮਲ ਹੋਏ । ਪੰਜਾਬੀ ਮਾਂ ਬੋਲੀ ਨੂ ਸਮਰਪਿਤ





ਕਈ ਸੰਸਥਾਵਾਂ ਦੇ ਅਹੁਦੇਦਾਰਾਂ ਨੇ ਵੀ ਇਸ ਸਮੇ ਪਿਕਨਿਕ ਵਿੱਚ ਸ਼ਮੂਲੀਅਤ ਕਰਕੇ ਅਪਣੀ ਹਾਜਰੀ ਲਵਾਈ ।ਮੈਂਬਰਾਂ ਤੇ ਵਲੰਟੀਅਰਜ ਨੇ ਆਪੋ ਅਪਣੀਆਂ ਡਿਉਟੀਆਂ ਬਹੁਤ ਹੀ ਸ਼ਾਨਦਾਰ ਅਤੇ ਸ਼ਲਾਘਯੋਗ ਤਰੀਕੇ ਨਾਲ ਨਿਭਾਈਆਂ ਤੇ ਸਾਰਿਆਂ ਨੇ ਖੂਬ ਪਰਸੰਸਾ ਕੀਤੀ ।ਪਰਬੰਧਕਾਂ ਵੱਲੋਂ ਦੁਪਿਹਰ ਦੇ ਬਹੁਤ ਹੀ ਸਵਾਦਿਸ਼ਟ ਤੇ ਗਰਮ ਗਰਮ ਖਾਣੇ ਦਾ ਵਧੀਆ ਇੰਤਜ਼ਾਮ ਕੀਤਾ ਗਿਆ ਸੀ ਆਏ ਸਾਰੇ ਮਹਿਮਾਨਾਂ ਨੇ ਤਾਜੇ ਤੇ ਗਰਮ ਖਾਣੇ ਦਾ ਭਰਪੂਰ ਅਨੰਦ ਮਾਣਿਆ ।ਖੇਡਾਂ ਵਿਚ ਪਹਿਲੇ , ਦੂਜੇ ਅਤੇ ਤੀਜੇ ਨੰਬਰ ਤੇ ਆਉਣ ਵਾਲਿਆਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ ।ਪਿਕਨਿਕ ਵਿੱਚ ਭਾਰਤ ਤੋਂ ਆਏ ਕਈ ਪਰਿਵਾਰ ਵੀ ਸ਼ਾਮਲ ਹੋਏ।ਇਸ ਮੌਕੇ ਰਾਮਗੜੀਆ ਸਿੱਖ ਸੋਸਾਇਟੀ (ਰਿਵਾਨਡਾ) ਟੋਰੰਟੋ ਦੇ ਅਹੁਦੇਦਾਰ ਤੇ ਮੈਂਬਰ ਸ਼ਾਮਲ ਹੋਏ , ਜਿਨਾਂ ਦਾ ਸਟੇਜ ਵੱਲੋਂ ਚੇਅਰਮੈਨ ਦਲਜੀਤ ਸਿੰਘ ਗੈਦੂ ਨੇ ਸ਼ਾਨਦਾਰ ਰਸਮੀ ਸਵਾਗਤ ਕੀਤਾ ਅਤੇ ਪਿਕਨਿਕ ਵਿੱਚ ਹਿੱਸਾ ਲੈਣ ਲਈ ਧੰਨਵਾਦ ਵੀ ਕੀਤਾ ।ਆਰ ਐਸ ਐਫ ਓ ਦੀ ਸਮੂਹ ਮੈਨੇਜਮੈਂਟ ਵੱਲੋਂ ਗੈਦੂ ਸਾਹਿਬ ਨੇ ਫਾਉਂਡੇਸ਼ਨ ਦੀਆਂ ਚਲ਼ ਰਹੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ , ਆਏ ਸਾਰੇ ਮਹਿਮਾਨਾ ਦਾ ਧੰਨਵਾਦ ਕਰਦੇ ਹੋਏ ਆਉਣ ਵਾਲੇ ਸਮਾਗਮਾਂ ਵਿੱਚ ਵੀ ਸ਼ਾਮਲ ਹੋਣ ਲਈ ਬੇਨਤੀ ਵੀ ਕੀਤੀ ਗਈ ।ਹੋਰ ਵਧੇਰੇ ਜਾਣਕਾਰੀ ਲਈ ਚੇਅਰਮੈਨ ਦਲਜੀਤ ਸਿੰਘ ਗੈਦੂ ( 416-305-9878) ਤੇ ਸੰਪਰਕ ਕਰ ਸਕਦੇ ਹੋ ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6




# ਮੁੱਖ ਮੰਤਰੀ ਨੇ ਲੇਹ ਵਿਖੇ ਸ਼ਹੀਦ ਹੋਏ ਨਾਇਬ ਸੂਬੇਦਾਰ ਦੇ ਵਾਰਸਾਂ ਨੂੰ ਵਿੱਤੀ ਸਹਾਇਤਾ ਵਜੋਂ 1 ਕਰੋੜ ਦਾ ਚੈੱਕ ਸੌਂਪਿਆ

*** ਕਿਹਾ, ਪੂਰਾ ਦੇਸ਼ ਸ਼ਹੀਦ ਹੋਏ ਨਾਇਬ ਸੂਬੇਦਾਰ ਦੀ ਬੇਮਿਸਾਲ ਕੁਰਬਾਨੀ ਦਾ ਸਦਾ ਰਿਣੀ ਰਹੇਗਾ ***
**ਸ਼ਹੀਦ ਦੀ ਪਤਨੀ ਲਈ ਨੌਕਰੀ ਅਤੇ ਹੋਰ ਵਿਕਾਸ ਕਾਰਜ ਸ਼ਹੀਦਾਂ ਦੇ ਨਾਮ 'ਤੇ ਕਰਨ ਦਾ ਐਲਾਨ**

ਫਰੀਦਕੋਟ, 27 ਅਗਸਤ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਲੇਹ (ਲੱਦਾਖ) ਵਿਖੇ 19 ਅਗਸਤ ਨੂੰ ਸੜਕ ਹਾਦਸੇ ਵਿੱਚ ਸ਼ਹੀਦ ਨਾਇਬ ਸੂਬੇਦਾਰ ਦੇ ਪਰਿਵਾਰਕ ਮੈਂਬਰਾਂ ਨੂੰ ਵਿੱਤੀ ਸਹਾਇਤਾ ਵਜੋਂ ਇੱਕ ਕਰੋੜ ਰੁਪਏ ਦਾ ਚੈੱਕ ਸੌਂਪਿਆ। ਸ਼ਹੀਦ ਦੇ ਜੱਦੀ ਘਰ ਜਾਕੇ ਪਰਿਵਾਰ ਨਾਲ ਮੁਲਾਕਾਤ ਕਰਨ ਤੋਂ ਬਾਅਦ ਮੁੱਖ ਮੰਤਰੀ ਨੇ ਕਿਹਾ ਕਿ ਲੇਹ ਵਿਖੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਆਪਣਾ ਫਰਜ਼ ਨਿਭਾਉਂਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦੇਸ਼ ਲਈ ਅਤੇ ਖਾਸ ਕਰਕੇ ਸ਼ਹੀਦ ਦੇ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ।




ਮੁੱਖ ਮੰਤਰੀ ਨੇ ਸ਼ਹੀਦ ਦੇ ਪਿੰਡ ਸਰਸੜੀ (ਫ਼ਰੀਦਕੋਟ) ਵਿਖੇ ਪਹੁੰਚ ਕੇ ਸ਼ਹੀਦ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਦਾ ਚੈੱਕ ਸੌਂਪਣ ਤੋਂ ਇਲਾਵਾ ਸ਼ਹੀਦ ਰਮੇਸ਼ ਲਾਲ ਦੀ ਪਤਨੀ ਨੂੰ ਨੌਕਰੀ ਦੇਣ ਅਤੇ ਸ਼ਹੀਦ ਦੇ ਨਾਮ 'ਤੇ ਪਿੰਡ ਵਿੱਚ ਸਟੇਡੀਅਮ ਬਣਾਉਣ ਦਾ ਐਲਾਨ ਵੀ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਪਿੰਡ ਦੀ ਡਿਸਪੈਂਸਰੀ ਦੇ ਨਵੀਨੀਕਰਨ ਅਤੇ ਪੰਜਗਰਾਈਂ ਤੋਂ ਨੰਗਲ ਰੋਡ ਦਾ ਨਾਂ ਸ਼ਹੀਦ ਦੇ ਨਾਮ 'ਤੇ ਰੱਖਣ ਦਾ ਐਲਾਨ ਵੀ ਕੀਤਾ। ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀਂ ਨਿਵਾਸ ਦੇਣ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਸ਼ਹੀਦ ਨਾਇਬ ਸੂਬੇਦਾਰ ਦੇ ਵੱਡਮੁੱਲੇ ਯੋਗਦਾਨ ਨੂੰ ਮਾਨਤਾ ਦੇਣ ਲਈ ਸੂਬਾ ਸਰਕਾਰ ਦਾ ਇਹ ਇੱਕ ਨਿਮਾਣਾ ਜਿਹਾ ਉਪਰਾਲਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਦੇ ਪਰਿਵਾਰ ਨੂੰ ਇਹ ਵਿੱਤੀ ਸਹਾਇਤਾ ਡਿਊਟੀ ਦੌਰਾਨ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਅਤੇ ਉਸ ਦੇ ਪਰਿਵਾਰ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਪ੍ਰਦਾਨ ਕੀਤੀ ਗਈ ਹੈ।

ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਸੂਬਾ ਸਰਕਾਰ ਵੱਲੋਂ ਦਿੱਤੀ ਗਈ ਇਹ ਵਿੱਤੀ ਸਹਾਇਤਾ ਜਿੱਥੇ ਇੱਕ ਪਾਸੇ ਪਰਿਵਾਰ ਨੂੰ ਆਰਥਿਕ ਤੌਰ 'ਤੇ ਚਿੰਤਾ ਮੁਕਤ ਕਰੇਗੀ, ਉਥੇ ਹੀ ਉਨ੍ਹਾਂ ਦੇ ਭਵਿੱਖ ਨੂੰ ਵੀ ਸੁਰੱਖਿਅਤ ਕਰਨ ਵਿੱਚ ਅਹਿਮ ਸਾਬਤ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਨਾਲ ਹੀ ਇਹ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਹੋ ਕੇ ਨਿਰਸਵਾਰਥ ਢੰਗ ਨਾਲ ਆਪਣੀ ਮਾਤ ਭੂਮੀ ਦੀ ਸੇਵਾ ਕਰਨ ਲਈ ਵੀ ਪ੍ਰੇਰਿਤ ਕਰੇਗੀ।

ਇਸ ਮੌਕੇ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ, ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ, ਵਿਧਾਇਕ ਜੈਤੋ ਅਮੋਲਕ ਸਿੰਘ, ਇੰਪਰੂਵਮੈਂਟ ਇੰਟਰਸਟ ਦਾ ਚੇਅਰਮੈਨ ਗੁਰਤੇਜ ਸਿੰਘ ਖੋਸਾ, ਡਿਪਟੀ ਕਮਿਸ਼ਨਰ ਵਿਨਿਤ ਕੁਮਾਰ, ਐਸ.ਐਸ.ਪੀ ਹਰਜੀਤ ਸਿੰਘ, ਡੀ.ਆਈ.ਜੀ ਅਜੇ ਮਲੂਜਾ, ਐਸ.ਡੀ.ਐਮ ਕੋਟਕਪੂਰਾ ਵੀਰਪਾਲ ਕੌਰ ਅਤੇ ਡੀ.ਪੀ.ਆਰ.ਓ ਫਰੀਦਕੋਟ ਵਿਸ਼ੇਸ਼ ਤੌਰ ਤੇ ਹਾਜਰ ਸਨ।













LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
H.K. MOVERS
416-524-6704
WELCOME TO ALBERTA
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


ASIAN FOOD CENTRE
Rakhi Sale
www.AsianFoodCentre.com
24TH AUG TO 10TH SEPT 2023
Fresh Fruits, Vegetables, Indian & Canadian Grocery
$11.99 MEERA WHOLE WHEAT ATTA
$21.99 20LB REG.$24.99 AASHIRVAAD WHOLE WHEAT ATTA
$12.99 MEERA BESAN
$4.49 KHALSA PANEER
$12.99 QUALITY WHOLE WHEAT ATTA
$13.99 SHER MULTIGRAIN ATTA
$4.99 ALMONDS
$7.99 POPULAR PARATHA
$3.29 POPULAR PARATHA
$1.79 CAVENDISH HASH BROWN
$1.99 THAKAR HOME STYLE ASST.
$3.79 REGAL JUICE
$4.99 TASTY BLACK CHANNA
$5.99 TASTY URAD WHOLE
$25.99 VERKA DESI GHEE
$1.99 RESHMA MEHNDI BLACK & BROWN
$5.99 APNA TASTE GULAB JAMUN
$2.79 ITALPASTA ASST. PASTA
$7.99 HALDIRAM TANDOORI NAAN
$10.99 WAGHBAKRI TEA
$6.99 TASTY FROZEN PEAS
$2.79 RUBICON JUICE
$3.79 PUNJABI COOKIES
$1.49 ASIAN CHANNA WITH MURI
$1.49 FROOTI
$2.49 POPULAR SAMOSA/SPRING ROLLS
$3.49 THAKAR MATAR KULCHA
$1.49 SANTOSH NAAN
$1.79 BRITANNIA TOASTEA SUJI RUSK
$1.49 EXCEPT PANEER AASHIRVAAD NAAN/PARATHA (EXCEPT PANEER)
$0.99 LAZZAT ASST. FALOODA
$7.99 SAVERA RASMALAI
$2.99 TAZA NAN KHATAE
$1.99 PACHARANGA MIX PICKLE
WE HAVE LARGE VARIETY OF RAKHI AVAILABLE
Variety of Indian Sweets Available
ETOBICOKE 10 Westmore Dr. 416-740-3262 MEAT SHOP AVAILABLE
MISSISSAUGA 1075 Ceremonial Dr 905-502-1600 MEAT SHOP AVAILABLE
BRAMPTON 621 Wanless Dr. 905-495-3336 MEAT SHOP AVAILABLE
BRAMPTON 2120 N Park Dr. 905-793-1338 MEAT SHOP AVAILABLE
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109 MEAT SHOP
BRAMPTON 10510 Torbram Rd. 905-790-0030
BRAMPTON 10 Pannahill Dr. 905-913-8017 MEAT SHOP AVAILABLE
TOLL FREE 1-800-708-9232
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media